**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਤਾਹਮੀਨਾ ਲਸਕਰ, (88003-49400)
#55-ਏ, ਤੀਜੀ ਮੰਜ਼ਿਲ,
ਸਿਧਾਰਥ ਚੈਂਬਰ ਨੰ:1, ਕਾਲੂ ਸਰਾਏ,
ਨਵੀਂ ਦਿੱਲੀ-110016. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਡਤਰ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ),
ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:461/2019**

**ਹਾਜ਼ਰ:-** 1) ਮਿਸ. ਤਾਹਮੀਨਾ ਲਸਕਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰੇਮ ਮਸੀਹ, ਏ.ਐਸ.ਆਈ. (98767-93919)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ (ਲਾਅ ਐਂਡ ਆਰਡਰ ਵਿੰਗ) ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕ੍ਰਿਮੀਨਲ ਪ੍ਰੋਸੀਜਰ ਕੋਡ, 1973 ਦੀ ਧਾਰਾ 41ਸੀ (2) ਅਤੇ (3) ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ ਨਾਲ ਹੋਣ ਕਾਰਨ, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ/ਪਰਸ-2 (ਐਡਮਿਨ ਵਿੰਗ), ਪੰਜਾਬ, ਵੱਲੋਂ ਆਪਣੇ ਪੱਤਰ ਨੰ:2531-32/ਆਰ.ਟੀ.ਆਈ.-3, ਮਿਤੀ 26-06-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਦਫ਼ਤਰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ ਨੂੰ ਆਰ.ਟੀ.ਆਈ. ਐਕਟ ਦੀ ਧਾਰਾ 6(3) ਅਧੀਨ ਤਬਦੀਲ ਕਰ ਦਿੱਤਾ ਗਿਆ ਸੀ।ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਪੱਤਰ, ਮਿਤੀ 09-07-2019 ਪੇਸ਼ ਕਰਦੇ ਹੋਏ ਕਿਹਾ ਹੈ ਉਸ ਵੱਲੋਂ ਪ੍ਰਾਪਤ ਸੂਚਨਾ ਵਿੱਚ ਪਾਈਆਂ ਗਈਆਂ ਖਾਮੀਆਂ ਨੂੰ ਦੂਰ ਕਰਕੇ ਸੂਚਨਾ ਮੁਹੱਈਆ ਕਰਨ ਬਾਰੇ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਵੱਲੋਂ ਪਾਸ ਕੀਤੇ ਗਏ ਹੁਕਮ, ਮਿਤੀ 25-03-2019 ਅਨੁਸਾਰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰੇਮ ਮਸੀਹ, ਏ.ਐਸ.ਆਈ., ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ,ਪੰਜਾਬ ਜੀ ਵੱਲੋਂ ਪਾਸ ਕੀਤੇ ਗਏ ਹੁਕਮ, ਮਿਤੀ 25-03-2019 ਅਨੁਸਾਰ ਅਪੀਲਕਰਤਾ ਨੂੰ ਜਵਾਬ ਭੇਜਣ ਬਾਰੇ ਕੋਈ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:461/2019**

ਤਸੱਲੀਬਖ਼ਸ ਉੱਤਰ ਨਹੀਂ ਦੇ ਸਕਿਆ। ਇਸ ਲਈ ਉੱਤਰਦਾਤਾ, ਸ਼੍ਰੀ ਨਵੀਨ ਸੈਣੀ, ਆਈ.ਪੀ.ਐਸ., ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਵੱਲੋਂ ਪਾਸ ਕੀਤੇ ਗਏ ਹੁਕਮ, ਮਿਤੀ 25-03-2019 ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005, ਤਹਿਤ ਬਣਦੀ ਸੂਚਨਾ ਸਬੰਧੀ ਨੁਕਤਾ-ਵਾਰ, ਵਿਸਥਾਰ-ਪੂਰਵਕ ਜਵਾਬ, ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ ਭੇਜਦੇ ਹੋਏ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 31-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 09 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨੱਛਤਰ ਸਿੰਘ, (94171-58125)
ਪੁੱਤਰ ਸ਼੍ਰੀ ਹਰਨਾਮ ਸਿੰਘ,
ਮਕਾਨ ਨੰ:1834,
ਸੋਨਾਲੀਕਾ ਟਰੈਕਟਰਜ਼ ਦੇ ਸਾਹਮਣੇ,
ਰਾਏਕੋਟ ਰੋਡ ਜਗਰਾਓਂ, ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, (ਦਿਹਾਤੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ,
ਲੁਧਿਆਣਾ ਰੇਂਜ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:511/2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. (97798-00315)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-06-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, (ਦਿਹਾਤੀ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਾਹਨਾਂ ਦੀ ਅਣ-ਅਧਿਕਾਰਿਤ ਪਾਰਕਿੰਗ ਬਾਰੇ ਆਪਣੀ ਦਰਖਾਸਤ, ਮਿਤੀ 06-01-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਏ.ਐਸ.ਆਈ. ਨੇ ਪੱਤਰ ਨੰ:283/ਆਰ.ਟੀ.ਆਈ./ਜ਼ਿਲ੍ਹ ਸਾਂਝ ਕੇਂਦਰ, ਮਿਤੀ 13-06-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਦੇ ਹੁਕਮ, ਮਿਤੀ 25-03-2019 ਦੀ ਪਾਲਣਾ ਕਰਦੇ ਹੋਏ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ ਜਿਸ ਅਨੁਸਾਰ ਅਪੀਲਕਰਤਾ ਨੇ ਮਿਤੀ 14-05-2019 ਨੂੰ ਸੂਚਨਾ ਪ੍ਰਾਪਤ ਕੀਤੀ ਹੋਈ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਕਾਹਲੋਂ, (97795-08115)
#947 ਐਚ.ਆਈ.ਜੀ.,
ਪੀ.ਐਚ.ਬੀ. ਕਲੋਨੀ, ਜਮਾਲਪੁਰ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਐਸ.ਐਚ.ਓ,. ਪੁਲਿਸ ਸਟੇਸ਼ਨ, ਜਮਾਲਪੁਰ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:568/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਦੇਵ ਸਿੰਘ, ਏ.ਐਸ.ਆਈ. (98158-00972)
ਅਤੇ ਸ਼੍ਰੀ ਰਮੇਸ਼ ਕੁਮਾਰ, ਏ.ਐਸ.ਆਈ. (99156-0300)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-02-2018, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ,. ਪੁਲਿਸ ਸਟੇਸ਼ਨ, ਜਮਾਲਪੁਰ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਯੂ.ਆਈ.ਡੀ. ਦਰਖਾਸਤ ਨੰ:1188492, ਮਿਤੀ 10-09-2019 ਨਾਲ ਫਾਈਲ ਦੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਦੇਵ ਸਿੰਘ, ਏ.ਐਸ.ਆਈ. ਅਤੇ ਸ਼੍ਰੀ ਰਮੇਸ਼ ਕੁਮਾਰ, ਏ.ਐਸ.ਆਈ. ਨੇ ਪੱਤਰ ਨੰ:2440/ਆਰ.ਟੀ.ਆਈ., ਮਿਤੀ 08-07-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਮਿਤੀ 08-07-2019 ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਦੀ ਪਤਨੀ ਸ਼੍ਰੀਮਤੀ ਪਰਮਜੀਤ ਕੌਰ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ । ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਰਪੱਖ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 09 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਜਿੰਦਰ ਸਿੰਘ, (94174-67632)
ਮਕਾਨ ਨੰ:ਈ-13/280, ਅਮਨ ਨਗਰ,
ਨੇੜੇ ਗਰੀਨ ਲੈਂਡ ਸਕੂਲ, ਜੰਲਧਰ ਬਾਈ ਪਾਸ,
ਲੁਧਿਆਣਾ-141008. -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 123/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਇੰਦਰਪਾਲ ਸਿੰਘ(97803-08050)।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਸਪੀਡ ਪੋਸਟ ਨੰ:ਈ.ਪੀ.436695535-ਆਈ.ਐਨ., ਮਿਤੀ 22-08-2017 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਇੰਦਰਪਾਲ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ, ਫੇਸ-7,
ਐਸ.ਏ.ਐਸ. ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:3094/2018**

**ਹਾਜ਼ਰ:-** 1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਮੇਸ਼ ਕੁਮਾਰ, ਏ.ਐਸ.ਆਈ. (99156-0300) ਅਤੇ ਸ਼੍ਰੀਮਤੀ ਵੀਰਪਾਲ ਕੌਰ, ਇੰਸਪੈਕਟਰ (98882-17528), ਐਨ.ਆਰ.ਆਈ. ਵਿੰਗ ਮੁਹਾਲੀ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-06-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਸੁਨੀਤਾ ਅੱਤਰੀ ਵੱਲੋਂ ਮੋਬਾਇਲ ਨੰ:98150-99996 ਤੇ ਮਿਤੀ 16-05-2018 ਨੂੰ ਪੁਸ਼ਪਿੰਦਰ ਸ਼ਰਮਾ ਅਤੇ ਹੋਰਨਾਂ ਵਿਰੁੱਧ ਕੀਤੀ ਗਈ ਸ਼ਿਕਾਇਤ ਨੰ:1333175, ਮਿਤੀ 16-05-2019 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਅਨੁਸਾਰ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਮੇਸ਼ ਕੁਮਾਰ, ਏ.ਐਸ.ਆਈ. ਅਪੀਲਕਰਤਾ ਨੂੰ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਅਨੁਸਾਰ ਸੂਚਨਾ ਮੁਹੱਈਆ ਕਰਾਉਣ ਜਾਂ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ।

3. ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਸ ਹੁਕਮ ਅਨੁਸਾਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਨ ਜਾਂ ਨਾ ਕਰਨ ਬਾਰੇ ਮੂੰਹੋਂ ਬੋਲਦੇ ਹੁਕਮ (speaking Order) ਪਾਸ ਕੀਤੇ ਜਾਣੇ ਹਨ। ਇਸ ਕਰਕੇ ਲੋਕ ਸੂਚਨਾ ਅਧਿਕਾਰੀ,

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3094/2018**

ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਦੀ ਪਾਲਣਾ ਕਰਦੇ ਹੋਏ ਮੂੰਹੋਂ ਬੋਲਦੇ ਹੁਕਮ (speaking Order) ਤੁਰੰਤ ਜਾਰੀ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 09 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ, ਨਿਊ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ।

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਡਾਇਰੈਕਟਰ ਜਨਰਲ, ਪੁਲਿਸ,
ਐਨ.ਆਰ.ਆਈ. ਵਿੰਗ, ਫੇਸ-7,
ਐਸ.ਏ.ਐਸ. ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:3381/2018**

**ਹਾਜ਼ਰ:-** 1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਮੇਸ਼ ਕੁਮਾਰ, ਏ.ਐਸ.ਆਈ. (99156-0300) ਅਤੇ ਸ਼੍ਰੀਮਤੀ ਵੀਰਪਾਲ ਕੌਰ, ਇੰਸਪੈਕਟਰ (98882-17528), ਐਨ.ਆਰ.ਆਈ. ਵਿੰਗ ਮੁਹਾਲੀ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਸੁਨੀਤਾ ਅੱਤਰੀ ਵੱਲੋਂ ਮਿਤੀ 16-05-2018 ਨੂੰ ਸਹੁਰਾ ਪਰਿਵਾਰ ਵਿਰੁੱਧ ਕੀਤੀ ਗਈ ਸ਼ਿਕਾਇਤ ਨੰ:1333175, ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਅਨੁਸਾਰ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਮੇਸ਼ ਕੁਮਾਰ, ਏ.ਐਸ.ਆਈ. ਅਪੀਲਕਰਤਾ ਨੂੰ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਅਨੁਸਾਰ ਸੂਚਨਾ ਮੁਹੱਈਆ ਕਰਾਉਣ ਜਾਂ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕਿਆ।

3. ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ ਹੁਕਮ, ਮਿਤੀ 01-04-2019 ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਸ ਹੁਕਮ ਅਨੁਸਾਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਨ ਜਾਂ ਨਾ ਕਰਨ ਬਾਰੇ ਮੂੰਹੋਂ ਬੋਲਦੇ ਹੁਕਮ (speaking Order) ਪਾਸ ਕੀਤੇ ਜਾਣੇ ਹਨ। ਇਸ ਕਰਕੇ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਾਣਯੋਗ ਪੂਰਵਲੇ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਦੇ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3381/2018**

ਹੁਕਮ, ਮਿਤੀ 01-04-2019 ਦੀ ਪਾਲਣਾ ਕਰਦੇ ਹੋਏ ਮੂੰਹੋਂ ਬੋਲਦੇ ਹੁਕਮ (speaking Order) ਤੁਰੰਤ ਜਾਰੀ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 09 ਜੁਲਾਈ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰੀਸ਼ ਕੁਮਾਰ ਸ਼ਰਮਾ, (94122-77007)
ਵਾਸੀ ਵਿਵੇਕਾਨੰਦ ਨਗਰ,
ਅਲੀਗੜ੍ਹ ਮਾਰਗ,
ਹਾਥਰਸ-204101,
ਉੱਤਰ ਪ੍ਰਦੇਸ਼। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ,
ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ,
ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 754/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਦੋਵੇਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇੱਕ ਹੋਰ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਉਸ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫ਼ਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ, (ਮੋਬ 9501970091)
ਪੁੱਤਰ ਸ਼੍ਰੀ ਭੁਪਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਜੌੜਾ,
ਜ਼ਿਲ੍ਹਾ ਹੁਸ਼ਿਆਰਪੁਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਗੁਰਦਾਸਪੁਰ। ------ਉੱਤਰਦਾਤਾ

<u>ਸ਼ਿਕਾਇਤ ਕੇਸ ਨੰ:242/2019</u>

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ (98557-41910)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 21-08-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਗੁਰਦਾਸਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਠਾਨਕੋਟ ਬੱਸ ਸਟੈਂਡ ਤੋ ਧਾਰ, ਥੀਨ ਡੈਮ ਅਤੇ ਜੁਗਿਆਣਾ ਰੂਟਾਂ ਤੇ ਮਿੰਨੀ ਬੱਸਾਂ ਲਈ ਜਾਰੀ ਕੀਤੇ ਗਏ ਪਰਮਿਟਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 08-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਨੇ ਪੱਤਰ ਨੰ:1432, ਮਿਤੀ 05-07-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਸ਼ਿਕਾਇਤਕਰਤਾ ਨੂੰ ਪੱਤਰ ਨੰ:1113-1114, ਮਿਤੀ 29-05-2019 ਰਾਹੀਂ ਲੋੜੀਂਦੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 09 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲੱਖਾ ਸਿੰਘ ਆਜਾਦ, (ਮੋਬ 94635-70178)
ਪੁੱਤਰ ਸ਼੍ਰੀ ਮੰਗਲ ਸਿੰਘ,
ਪਿੰਡ ਤੇ ਡਾਕਖਾਨਾ ਰਈਆ ਖੁਰਦ,
ਵਾਰਡ ਨੰ:3, ਤਹਿਸੀਲ ਬਾਬਾ ਬਕਾਲਾ ਸਾਹਿਬ।
ਜ਼ਿਲ੍ਹਾ ਅੰਮ੍ਰਿਤਸਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ,ਪੁਲਿਸ,
ਅੰਮ੍ਰਿਤਸਰ (ਦਿਹਾਤੀ) ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ -ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬੋਡਰ ਜ਼ੋਨ, ਅੰਮ੍ਰਿਤਸਰ। --------ਉੱਤਰਦਾਤਾ

**ਅਪੀਲ ਕੇਸ ਨੰ:1008/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97000-16624)।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 28-06-2019 ਰਾਹੀਂ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਦੱਸਿਆ ਹੈ ਕਿ ਅਪੀਲਕਰਤਾ ਵੱਲੋਂ 11 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਹੈ ਜਿਨ੍ਹਾਂ ਵਿੱਚੋਂ ਅਜੇ 09 ਨੁਕਤਿਆਂ ਬਾਰੇ ਸੂਚਨਾ ਮੁਕੰਮਲ ਹੋਈ ਹੈ ਅਤੇ 2 ਨੁਕਤਿਆਂ ਬਾਰੇ ਅਜੇ ਪੜਤਾਲ ਲੰਬਿਤ ਹੈ।ਇਸ ਕਰਕੇ ਹਾਜ਼ਰ ਉੱਤਰਦਾਤਾ ਨੇ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਆਰ.ਟੀ.ਆਈ. ਐਕਟ ਤਹਿਤ ਬਣਦੀ ਨੁਕਤਾ-ਵਾਰ ਵਿਸਥਾਰ-ਪੂਰਵਕ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 09 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਭੰਡਾਰੀ, (ਮੋਬ 98141-20294)
ਐਸ 14 ਸੁੱਖਦਾ ਇੰਨਕਲੇਵ,
ਸਾਹਮਣੇ ਮਿਲਟਰੀ ਹਸਪਤਾਲ,
ਹਰਦੋਚੰਨੀ ਰੋਡ,
ਗੁਰਦਾਸਪੁਰ-143521 --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਅੰਮ੍ਰਿਤਸਰ, ਦਿਹਾਤੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬਾਰਡਰ ਜੋਨ੍ਹ, ਅੰਮ੍ਰਿਤਸਰ। ---------ਉੱਤਰਦਾਤਾ

**ਅਪੀਲ ਕੇਸ ਨੰ: 905/2019**

**ਹਾਜ਼ਰ:-**

1) ਸ਼੍ਰੀ ਯੋਗੇਸ਼ ਭੰਡਾਰੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. (97800-16624)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਕਿਹਾ ਹੈ ਕਿ ਉਨਾਂ ਵੱਲੋਂ ਆਪਣੇ ਪੱਤਰ ਨੰ:27862-63/ਆਰ.ਟੀ.ਆਈ., ਮਿਤੀ 08-06-2019 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਅਪੀਲਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ ਅਤੇ ਉਸ ਨੂੰ ਮੁਕੰਮਲ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਕਿ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਆ ਕੇ ਸਬੰਧਤ ਰਿਕਾਰਡ ਚੈੱਕ ਕਰ ਕੇ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਦੋਵਾਂ ਧਿਰਾਂ ਵਿੱਚ ਕੁੱਝ ਵਿਚਾਰ-ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਜਾਣ ਤੇ ਆਰ.ਟੀ.ਆਈ., 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 09 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੀਤ ਸਿੰਘ,
ਪੁੱਤਰ ਲੇਟ ਸ਼੍ਰੀ ਦਰਸ਼ਨ ਸਿੰਘ,
ਪਿੰਡ ਬਾਦਲ, ਤਹਿਸੀਲ ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ,
(ਆਰ.ਆਈ.ਵੀ.ਟੀ.) ਬਾਦਲ,
ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 69/2019**

**ਹਾਜ਼ਰ:-** 1) ਸ਼੍ਰੀ ਗੁਰਮੀਤ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 18-06-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਨਮੋਲ ਨਾਨਕ ਸਿੰਘ, ਕਰਾਫਟ ਇੰਸਟ੍ਰਕਟਰ ਨੇ ਪੱਤਰ ਨੰ: ਆਰ.ਆਈ.ਵੀ.ਟੀ./2019/80, ਮਿਤੀ 18-06-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਦੀ ਸੰਸਥਾ ਦੇ ਦੋ ਕੇਸ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਸੁਣਵਾਈ ਅਧੀਨ ਹਨ ਜਿਨ੍ਹਾਂ ਦੀ ਸੁਣਵਾਈ ਦੀ ਅਗਲੀ ਮਿਤੀ 18-07-2019 ਅਤੇ 31-07-2019 ਨਿਸਚਿਤ ਹੈ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਕੋਈ ਸੂਜਨਾ ਨਹੀਂ ਦਿੱਤੀ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਅਦਾਲਤ ਦਾ ਅਜਿਹਾ ਕੋਈ ਹੁਕਮ ਪੇਸ਼ ਨਹੀਂ ਕੀਤਾ ਗਿਆ ਸੀ ਜਿਸ ਅਨੁਸਾਰ ਅਦਾਲਤ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਤੇ ਕੋਈ ਰੋਕ ਲਗਾਈ ਗਈ ਹੋਵੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 09-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਪਰਮਪਾਲ ਸਿੰਘ, ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 18-06-2019 ਅਨੁਸਾਰ ਵਿਸਥਾਰ-ਪੂਰਵਕ ਜਵਾਬ ਪੇਸ਼ ਨਾ ਕਰਨ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ.ਐਕਟ, 2005, ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 09 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵਿੰਦਰ ਕਟਾਰੀਆ (ਮੋਬ: 94631-33590)
ਮਕਾਨ ਨੰ:64, ਨਿਊ ਸੰਤ ਫਤਿਹ ਸਿੰਘ ਨਗਰ,
ਡੁੱਗਰੀ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:941/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ਼੍ਰੀ ਰਾਹੁਲ ਡਬਰਾਲ, ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ (97797-17070) ਸੇਵਾ ਕੇਂਦਰ, ਲੁਧਿਆਣਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮੁੱਖ ਦਫ਼ਤਰ ਮਿੰਨੀ ਸਕੱਤਰੇਤ ਵਿਖੇ ਕੰਮ ਕਰ ਰਹੇ ਸੇਵਾ ਕੇਂਦਰ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਪਰੰਤੂ ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-ਏ.ਪੀ.ਆਈ.ਓ., ਸੇਵਾ ਕੇਂਦਰ, ਲੁਧਿਆਣਾ ਨੂੰ ਤਬਦੀਲ ਕਰ ਦਿੱਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 29-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 18-06-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਹੁਲ ਡਬਰਾਲ, ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ ਸੇਵਾ ਕੇਂਦਰ, ਲੁਧਿਆਣਾ ਨੇ ਪੱਤਰ ਨੰ:ਆਰ.ਟੀ.ਆਈ./ਐਸ.ਕੇ./ਲੁਧਿ:/13, ਮਿਤੀ 14-06-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 18-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 09-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 09 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਜ਼ਿਲ੍ਹਾ ਟੈਕਨੀਕਲ ਕੋਆਰਡੀਨੇਟਰ-ਕਮ-
ਸਹਾਇਕ ਲੋਕ ਸੂਚਨਾ ਅਧਿਕਾਰੀ,
ਸੇਵਾ ਕੇਂਦਰ, ਲੁਧਿਆਣਾ।